ਬਸੰਤੁ ਮਹਲਾ ੧ ॥ ਮੇਰੀ ਸਖੀ ਸਹੇਲੀ ਸੁਨਹੁ ਭਾਇ ॥ ਮੇਰਾ ਪਿਰੁ ਰੀਸਾਲੂ ਸੰਗਿ ਸਾਇ ॥ ਓਹੁ ਅਲਖੁ ਨ ਲਖੀਐ ਕਹਹੁ ਕਾਇ ॥ ਗੁਰਿ ਸੰਗਿ ਦਿਖਾਇਓ ਰਾਮ ਰਾਇ ॥ ੧॥ ਮਿਲੁ ਸਖੀ ਸਹੇਲੀ ਹਰਿ ਗੁਨ ਬਨੇ ॥ ਹਰਿ ਪ੍ਰਭ ਸੰਗਿ ਖੇਲਹਿ ਵਰ ਕਾਮਨਿ ਗੁਰਮੁਖਿ ਖੋਜਤ ਮਨ ਮਨੇ ॥੧॥ ਰਹਾਉ ॥ ਮਨਮੁਖੀ ਦੁਹਾਗਣਿ ਨਾਹਿ ਭੇਉ ॥ ਓਹੁ ਘਟਿ ਘਟਿ ਰਾਵੈ ਸਰਬ ਪ੍ਰੇਉ ॥ ਗੁਰਮੁਖਿ ਥਿਰੁ ਚੀਨੈ ਸੰਗਿ ਦੇਉ ॥ ਗੁਰਿ ਨਾਮੁ ਦ੍ਰਿੜਾਇਆ ਜਪੁ ਜਪੇਉ ॥੨॥ ਬਿਨੁ ਗੁਰ ਭਗਤਿ ਨ ਭਾਉ ਹੋਇ ॥ ਬਿਨੁ ਗੁਰ ਸੰਤ ਨ ਸੰਗੁ ਦੇਇ ॥ ਬਿਨੁ ਗੁਰ ਅੰਧੁਲੇ ਧੰਧੁ ਰੋਇ ॥ ਮਨੁ ਗੁਰਮੁਖਿ ਨਿਰਮਲੁ ਮਲੁ ਸਬਦਿ ਖੋਇ ॥੩॥ ਗੁਰਿ ਮਨੁ ਮਾਰਿਓ ਕਰਿ ਸੰਜੋਗੁ ॥ ਅਹਿਨਿਸਿ ਰਾਵੇ ਭਗਤਿ ਜੋਗੁ ॥ ਗੁਰ ਸੰਤ ਸਭਾ ਦੁਖੁ ਮਿਟੈ ਰੋਗੁ ॥ ਜਨ ਨਾਨਕ ਹਰਿ ਵਰੁ ਸਹਜ ਜੋਗੁ ॥੪॥੬॥ {ਪੰਨਾ 1169-1170}

ਪਦਅਰਥ:- ਸਖੀ ਸਹੇਲੀ—ਹੇ ਸਖੀ ਸਹੇਲੀਓ! ਭਾਇ—ਪ੍ਰੇਮ ਨਾਲ। ਰੀਸਾਲੂ—ਸੋਹਣਾ, ਸੁੰਦਰ। ਸੰਗਿ—(ਜਿਸ ਦੇ) ਨਾਲ ਹੈ। ਸਾਇ—ਉਹੀ ਸਖੀ (ਸੁਹਾਗਣਿ ਹੈ)। ਓਹੁ—ਉਹ ਪਿਰ-ਪ੍ਰਭੂ। ਕਹਹੁ—ਦੱਸੋ। ਕਾਇ—ਕਿਵੇਂ (ਦਿੱਸੇ, ਮਿਲੇ)? ਗੁਰਿ—ਗੁਰੂ ਨੇ। ਸੰਗਿ—ਨਾਲ ਹੀ।1।

ਬਨੇ—ਫਬਦੇ ਹਨ। ਵਰ ਕਾਮਨਿ—ਖਸਮ-ਪ੍ਰਭੂ ਦੀਆਂ ਜੀਵ-ਇਸਤ੍ਰੀਆਂ। ਮਨੇ—ਮੰਨੇ, ਪਤੀਜ ਜਾਂਦੇ ਹਨ।1। ਰਹਾਉ।

ਮਨਮੁਖੀ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ। ਦੁਹਾਗਣਿ—ਭਾਗ ਹੀਣ। ਭੇਉ—ਭੇਤ। ਸਰਬ ਪ੍ਰੇਉ—ਸਭ ਦਾ ਪਿਆਰਾ। ਦੇਉ—ਪ੍ਰਕਾਸ਼-ਰੂਪ ਪ੍ਰਭੂ। ਗੁਰਿ—ਗੁਰੂ ਨੇ।2।

ਭਾਉ—ਪ੍ਰੇਮ। ਸੰਗੁ—ਸਾਥ। ਨ ਦੇਇ—ਨਹੀਂ ਦੇਂਦਾ। ਅੰਧੁਲੇ—(ਮਾਇਆ-ਮੋਹ ਵਿਚ) ਅੰਨ੍ਹੇ ਹੋਏ ਜੀਵ ਨੂੰ। ਧੰਧੁ—ਜੰਜਾਲ (ਵਿਆਪਦਾ ਹੈ)। ਰੋਇ—(ਉਹ) ਦੁਖੀ ਰਹਿੰਦਾ ਹੈ, ਰੋਂਦਾ ਹੈ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਖੋਇ—ਨਾਸ ਕਰਦਾ ਹੈ।3।

ਗੁਰਿ—ਗੁਰੂ ਨੇ। ਕਰਿ—ਕਰ ਕੇ। ਸੰਜੋਗੁ—(ਪ੍ਰਭੂ ਨਾਲ) ਮਿਲਾਪ। ਅਹਿ—ਦਿਨ। ਨਿਸਿ—ਰਾਤ। ਰਾਵੇ—ਮਾਣਦਾ ਹੈ। ਭਗਤਿ ਜੋਗੁ—ਭਗਤੀ ਦੀ ਰਾਹੀਂ ਹੋਇਆ ਮਿਲਾਪ। ਹਰਿ ਵਰੁ—ਪ੍ਰਭੂ ਪਤੀ। ਸਹਜ ਜੋਗੁ—ਅਡੋਲ ਅਵਸਥਾ ਦਾ ਮਿਲਾਪ।4।

ਅਰਥ:- ਹੇ ਮੇਰੀ ਸਖੀ ਸਹੇਲੀਹੋ! ਰਲ ਕੇ ਬੈਠੋ (ਤੇ ਪ੍ਰਭੂ-ਪਤੀ ਦੇ ਗੁਣ ਗਾਵੋ) ਪ੍ਰਭੂ ਦੇ ਗੁਣ ਗਾਵਣੇ ਹੀ (ਮਨੁੱਖਾ ਜਨਮ ਵਿਚ) ਫਬਦੇ ਹਨ। ਖਸਮ-ਪ੍ਰਭੂ ਦੀਆਂ ਜੇਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਪਰਮਾਤਮਾ ਦੇ ਨਾਲ ਖੇਡਦੀਆਂ ਹਨ, ਗੁਰੂ ਦੀ ਰਾਹੀਂ ਪ੍ਰਭੂ ਦੀ ਭਾਲ ਕਰਦਿਆਂ ਉਹਨਾਂ ਦੇ ਮਨ (ਪ੍ਰਭੂ ਦੀ ਯਾਦ ਵਿਚ) ਪਤੀਜ ਜਾਂਦੇ ਹਨ।1। ਰਹਾਉ।

ਹੇ ਮੇਰੀ (ਸਤ ਸੰਗਣ) ਸਹੇਲੀਹੋ! ਪ੍ਰੇਮ ਨਾਲ (ਮੇਰੀ ਗੱਲ) ਸੁਣੋ (ਕਿ) ਮੇਰਾ ਸੁੰਦਰ ਪਤੀ-ਪ੍ਰਭੂ ਜਿਸ ਸਹੇਲੀ ਦੇ ਅੰਗ-ਸੰਗ ਹੈ ਉਹੀ ਸਹੇਲੀ (ਸੁਹਾਗਣਿ) ਹੈ। ਉਹ (ਸੋਹਣਾ ਪ੍ਰਭੂ) ਬਿਆਨ ਤੋਂ ਪਰੇ ਹੈ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਦੱਸੋ (ਹੇ ਸਹੇਲੀਹੋ!) ਉਹ (ਫਿਰ) ਕਿਵੇਂ (ਮਿਲੇ)। ਗੁਰੂ ਨੇ ਉਹ ਪ੍ਰਕਾਸ਼-ਰੂਪ ਪ੍ਰਭੂ ਜਿਸ ਸਹੇਲੀ ਨੂੰ ਅੰਗ-ਸੰਗ ਵਿਖਾ ਦਿੱਤਾ ਹੈ, (ਉਸੇ ਨੂੰ ਉਹ ਮਿਲਿਆ ਹੈ)।1।

ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ ਭਾਗ-ਹੀਣ ਜੀਵ-ਇਸਤ੍ਰੀਆਂ ਨੂੰ ਇਹ ਗੁੱਝੀ ਗੱਲ ਸਮਝ ਨਹੀਂ ਆਉਂਦੀ ਕਿ ਉਹ ਸਭ ਦਾ ਪਿਆਰਾ ਪ੍ਰਭੂ ਹਰੇਕ ਸਰੀਰ ਦੇ ਅੰਦਰ ਵੱਸ ਰਿਹਾ ਹੈ। ਗੁਰੂ ਦੇ ਦੱਸੇ ਰਸਤੇ ਤੁਰਨ ਵਾਲੀ ਜੀਵ-ਇਸਤ੍ਰੀ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਕਾਸ਼-ਰੂਪ ਪ੍ਰਭੂ ਨੂੰ ਆਪਣੇ ਅੰਗ-ਸੰਗ ਵੇਖਦੀ ਹੈ। ਗੁਰੂ ਨੇ ਉਸ ਦੇ

ਹਿਰਦੇ ਵਿਚ ਪ੍ਰਭੂ ਦਾ ਨਾਮ ਪੱਕਾ ਕਰ ਦਿੱਤਾ ਹੈ, ਉਹ ਉਸੇ ਨਾਮ ਦਾ ਜਾਪ ਜਪਦੀ ਹੈ।2।

(ਹੇ ਮੇਰੀ ਸਹੇਲੀਹੋ!) ਗੁਰੂ ਦੀ ਸਰਨ ਪੈਣ ਤੋਂ ਬਿਨਾ ਨਾਹ ਪਰਮਾਤਮਾ ਨਾਲ ਪਿਆਰ ਬਣ ਸਕਦਾ ਹੈ ਨਾਹ ਉਸ ਦੀ ਭਗਤੀ ਹੋ ਸਕਦੀ ਹੈ। ਸੰਤ ਗੁਰੂ ਦੀ ਸਰਨ ਤੋਂ ਬਿਨਾ ਉਹ (ਪਿਆਰਾ ਪ੍ਰਭੂ) ਆਪਣਾ ਸਾਥ ਨਹੀਂ ਬਖ਼ਸ਼ਦਾ। ਗੁਰੂ ਦੇ ਦਰ ਤੇ ਆਉਣ ਤੋਂ ਬਿਨਾ ਮਾਇਆ-ਮੋਹ ਵਿਚ ਅੰਨ੍ਹੇ ਹੋਏ ਜੀਵ ਨੂੰ ਦੁਨੀਆ ਦਾ ਜੰਜਾਲ ਹੀ ਵਿਆਪਦਾ ਹੈ, ਉਹ ਸਦਾ ਦੁਖੀ ਹੀ ਰਹਿੰਦਾ ਹੈ।3।

ਗੁਰੂ ਨੇ (ਪਰਮਾਤਮਾ ਨਾਲ) ਸੰਜੋਗ ਬਣਾ ਕੇ ਜਿਸ ਦਾ ਮਨ (ਮਾਇਆ ਦੇ ਮੋਹ ਵਲੋਂ) ਮਾਰ ਦਿੱਤਾ ਹੈ, ਉਹ ਦਿਨ ਰਾਤ ਪਰਮਾਤਮਾ ਦੀ ਭਗਤੀ ਦੇ ਮਿਲਾਪ ਨੂੰ ਮਾਣਦਾ ਹੈ। ਹੇ ਦਾਸ ਨਾਨਕ! ਸੰਤ ਗੁਰੂ ਦੀ ਸੰਗਤਿ ਵਿਚ (ਬੈਠਿਆਂ ਜੀਵ ਦਾ) ਦੁੱਖ ਮਿਟ ਜਾਂਦਾ ਹੈ ਰੋਗ ਦੂਰ ਹੋ ਜਾਂਦਾ ਹੈ (ਕਿਉਂਕਿ) ਉਸ ਨੂੰ ਪ੍ਰਭੂ-ਪਤੀ ਮਿਲ ਪੈਂਦਾ ਹੈ ਉਸ ਨੂੰ ਅਡੋਲ ਅਵਸਥਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ।4।6।